# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :05-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਗੋਆ ਵਿੱਚ ਪ੍ਰਦੂਸ਼ਣ ਕੰਟਰੋਲ ਸਮੁੰਦਰੀ ਜਹਾਜ਼, 'ਸਮੁੰਦਰ ਪ੍ਰਤਾਪ' ਨੂੰ ਭਾਰਤੀ ਤੱਟ ਰੱਖਿਅਕ ਦੇ ਬੇੜੇ ਵਿੱਚ ਸ਼ਾਮਲ ਕੀਤਾ ।
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਉਪਰਾਲਿਆਂ ਸਦਕਾ ਓਮਾਨ ਵਿੱਚ ਫਸੀਆਂ ਪੰਜ ਪੰਜਾਬੀ ਕੁੜੀਆਂ ਨੂੰ ਸੁਰੱਖਿਅਤ ਭਾਰਤ ਵਾਪਸ ਲਿਆਂਦਾ ਗਿਆ ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ -ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਵਚਨਬੱਧ ਏ I

- ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਖੋਜਾਰਥੀਆਂ ਨੇ 'ਵਨ ਹੈਲਥ' ਖੋਜ ਲਈ ਕੌਮਾਂਤਰੀ ਮਾਨਤਾ ਪ੍ਰਾਪਤ ਕੀਤੀ I
- ਮੌਸਮ ਵਿਭਾਗ ਵਲੋਂ ਕੱਲ੍ਹ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ -ਸੰਘਣੀ ਧੁੰਦ ਕਾਰਣ ਦੇਸ਼ ਭਰ ਵਿੱਚ ਰੇਲ ਅਤੇ ਹਵਾਈ ਸੇਵਾਵਾਂ ਪ੍ਰਭਾਵਿਤ ਹੋਈਆਂ ।

--------------------------------------------------------------------------------

ਭਾਰਤੀ ਤੱਟ ਰੱਖਿਅਕ ਨੇ ਪਹਿਲਾ ਸਵਦੇਸ਼ੀ ਤੌਰ 'ਤੇ ਡਿਜ਼ਾਈਨ ਕੀਤੇ ਅਤੇ ਬਣਾਏ ਪ੍ਰਦੂਸ਼ਣ ਕੰਟਰੋਲ ਸਮੁੰਦਰੀ ਜਹਾਜ਼, ਸਮੁਦਰ ਪ੍ਰਤਾਪ, ਨੂੰ ਅੱਜ ਆਪਣੇ ਬੇੜੇ ਵਿੱਚ ਸ਼ਾਮਲ ਕੀਤਾ । ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਗੋਆ ਵਿੱਚ ਇਸ ਜਹਾਜ਼ ਦੀ ਸ਼ੁਰੂਆਤ ਕੀਤੀ। ਇਹ ਜਹਾਜ਼ ਸਮੁੰਦਰੀ ਪ੍ਰਦੂਸ਼ਣ ਕੰਟਰੋਲ ਨਿਯਮਾਂ ਨੂੰ ਲਾਗੂ ਕਰਨ, ਸਮੁੰਦਰੀ ਕਾਨੂੰਨ ਲਾਗੂ ਕਰਨ ਅਤੇ ਖੋਜ ਅਤੇ ਬਚਾਅ ਕਾਰਜਾਂ ਵਿੱਚ ਸੁਰੱਖਿਆ ਲਈ ਇੱਕ ਮਹੱਤਵਪੂਰਨ ਮੰਚ ਵਜੋਂ ਕੰਮ ਕਰੇਗਾ। ਇਸ ਵਿੱਚ 70 ਫੀਸਦੀ ਤੋਂ ਵੱਧ ਸਵਦੇਸ਼ੀ ਸਮੱਗਰੀ ਏ । ਜਹਾਜ਼ ਵਿੱਚ ਸੰਚਾਲਨ ਸਮਰੱਥਾਵਾਂ ਨੂੰ ਵਧਾਉਣ ਲਈ ਇੱਕ ਹੈਲੀਕਾਪਟਰ ਹੈਂਗਰ ਵੀ ਏ ।

ਇਸ ਮੌਕੇ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਜਹਾਜ਼ ਨੂੰ ਦੇਸ਼ ਦੇ ਸਮੂਹਿਕ ਸੰਕਲਪ ਅਤੇ ਸਮੁੰਦਰੀ ਵਿਸ਼ਵਾਸ ਦਾ ਪ੍ਰਤੀਕ ਦੱਸਿਆ।

BYTE:RNU050125B

ਉਨ੍ਹਾਂ ਜਲਵਾਯੂ ਤਬਦੀਲੀ ਦੇ ਮੱਦੇਨਜ਼ਰ ਸਮੁੰਦਰੀ ਜੈਵ ਵਿਭਿੰਨਤਾ ਦੀ ਰੱਖਿਆ ਨੂੰ ਇੱਕ ਨੈਤਿਕ ਜ਼ਿੰਮੇਵਾਰੀ ਦੱਸਿਆ। ਉਨ੍ਹਾਂ ਇਸ ਖੇਤਰ ਵਿਚ ਮਹਿਲਾਵਾਂ ਦੀ ਤੈਨਾਤੀ ਦੀ ਸ਼ਲਾਘਾ ਕੀਤੀ । ਇਹ 114 ਮੀਟਰ ਲੰਬਾ ਸਮੁੰਦਰੀ ਜਹਾਜ਼ ਗੋਆ ਸ਼ਿਪਯਾਰਡ ਲਿਮਟਿਡ ਵਲੋਂ  ਬਣਾਇਆ ਗਿਆ ।

---------------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਉਪਰਾਲਿਆਂ ਸਦਕਾ ਓਮਾਨ ਵਿੱਚ ਫਸੀਆਂ ਪੰਜ ਪੰਜਾਬੀ ਕੁੜੀਆਂ ਨੂੰ ਸੁਰੱਖਿਅਤ ਭਾਰਤ ਵਾਪਸ ਲਿਆਂਦਾ ਗਿਆ ਏ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਤ ਸੀਚੇਵਾਲ ਨੇ ਕਿਹਾ ਕਿ ਅਰਬ ਦੇਸ਼ਾਂ ਵਿੱਚ ਭਾਰਤੀ ਕੁੜੀਆਂ ਦਾ ਸ਼ੋਸ਼ਣ ਬਹੁਤ ਹੀ ਗੰਭੀਰ ਅਤੇ ਚਿੰਤਾਜਨਕ ਮਸਲਾ ਏ । ਉਨ੍ਹਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਹੀ ਉਹਨਾਂ ਵੱਲੋਂ ਓਮਾਨ ਵਿੱਚ ਫਸੀਆਂ ਲਗਭਗ 70 ਕੁੜੀਆਂ ਬਾਰੇ ਵਿਦੇਸ਼ ਮੰਤਰਾਲੇ ਨੂੰ ਪੱਤਰ ਲਿਖਿਆ ਗਿਆ ਸੀ, ਜਿਸ ’ਤੇ ਤੁਰੰਤ ਕਾਰਵਾਈ ਕਰਦਿਆਂ ਪੰਜ ਕੁੜੀਆਂ ਨੂੰ ਸੁਰੱਖਿਅਤ ਭਾਰਤ ਵਾਪਸ ਲਿਆਂਦਾ  ਗਿਆ ਏ । ਉਨ੍ਹਾਂ ਵਿਦੇਸ਼ ਮੰਤਰਾਲੇ ਅਤੇ ਭਾਰਤੀ ਦੂਤਾਘਰ  ਦਾ ਧੰਨਵਾਦ ਕਰਦਿਆਂ

ਕਿਹਾ ਕਿ ਲੋਕਾਂ ਨੂੰ ਝੂੱਠੇ ਸੁਫ਼ਨੇ ਵਿਖਾ ਏ ਓਹਨਾ ਦੀ ਜ਼ਿੰਦਗੀਆਂ ਨਾਲ ਖਿਲਵਾੜ ਕਰਨ ਵਾਲੇ ਅਜਿਹੇ ਮਨੁੱਖੀ ਤਸਕਰੀ ਨਾਲ ਜੁੜੇ ਗਿਰੋਹਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਹੋਣੀ ਚਾਹੀਦੀ ਏ ਤਾਂ ਜੋ ਭਵਿੱਖ ਵਿੱਚ ਕੋਈ ਹੋਰ ਧੀ ਇਸ ਤਰ੍ਹਾਂ ਦੇ ਜਾਲ ਦਾ ਸ਼ਿਕਾਰ ਨਾ ਬਣੇ।

-----------------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਸੂਬਾ ਸਰਕਾਰ ਦੀ ਮੁਲਾਜ਼ਮਾਂ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਸਰਕਾਰ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਪੂਰੀ ਤਰ੍ਹਾਂ ਗੰਭੀਰ ਏ । ਉਨ੍ਹਾਂ ਦੱਸਿਆ ਕਿ ਕੱਚੇ ਮੁਲਾਜ਼ਮਾਂ ਸਮੇਤ ਮੁਲਾਜ਼ਮਾਂ ਦੇ ਕਈ ਅਹਿਮ ਮੁੱਦੇ ਪਹਿਲਾਂ ਹੀ ਹੱਲ ਕੀਤੇ ਜਾ ਚੁੱਕੇ ਨੇ ਅਤੇ ਬਾਕੀ ਰਹਿੰਦੀਆਂ ਜਾਇਜ਼ ਮੰਗਾਂ 'ਤੇ ਵੀ ਸਰਕਾਰ ਸਰਗਰਮੀ ਨਾਲ ਵਿਚਾਰ ਕਰ ਰਹੀ ਏ । ਪੰਜਾਬ ਸਿਵ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਅਤੇ ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਨਾਲ ਸਬੰਧਤ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ । ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਸਾਬਕਾ ਮੁਲਾਜ਼ਮ ਵਿੰਗ ਅਤੇ ਈ.ਟੀ.ਟੀ. ਟੈਟ ਪਾਸ ਅਧਿਆਪਕ ਜਥੇਬੰਦੀ- ਜੈ ਸਿੰਘ ਵਾਲਾ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ। ਮੰਤਰੀ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼

ਮੰਗਾਂ ਪ੍ਰਕਿਰਿਆ ਅਧੀਨ ਨੇ । ਸਾਬਕਾ ਮੁਲਾਜ਼ਮ ਵਿੰਗ ਦੇ ਆਗੂਆਂ ਨਾਲ ਮੀਟਿੰਗ ਕਰਦਿਆਂ ਵਿੱਤ ਮੰਤਰੀ ਨੇ ਵਿੱਤ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਜਾਇਜ਼ ਮੰਗਾਂ 'ਤੇ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------------------------ਸ਼੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਬਰਗਾਜੇ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੂੰ 15 ਜਨਵਰੀ ਨੂੰ ਸਵੇਰੇ 10 ਵਜੇ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋ ਕੇ ਕੁਝ ਮਸਲਿਆਂ ‘ਤੇ ਸਪਸ਼ਟੀਕਰਨ ਦੇਣ ਲਈ ਕਿਹਾ ਗਿਆ ਏ । ਇਸ ਮਾਮਲੇ ਸਬੰਧੀ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ । BYTE:RNU050125

---------------------------------------------------------------------------

ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਦੇ ਖੋਜਾਰਥੀਆਂ ਦੀ ਟੀਮ ਦੇ ਖੋਜ ਲੇਖ ਨੂੰ ਐਲਸੇਵੀਅਰ ਪ੍ਰਕਾਸ਼ਨ ਦੇ ਪ੍ਰਸਿੱਧ ਰਸਾਲੇ ‘ਸਾਇੰਸ ਇਨ ਵਨ ਹੈਲਥ’ ਵਿੱਚ ਚੋਟੀ ਦੇ ਦਸ ਸਭ ਤੋਂ ਵਧ ਹਵਾਲਾ ਦਿੱਤੇ ਗਏ ਲੇਖਾਂ ਵਿੱਚ ਮਾਨਤਾ ਦਿੱਤੀ ਗਈ ਏ । ਇਸ ਸੰਬੰਧੀ ਇਸ ਲੇਖ ਦੇ ਲੇਖਕਾਂ ਨੂੰ ਪ੍ਰਕਾਸ਼ਨਾ ਵੱਲੋਂ ‘ਉੱਚ ਹਵਾਲਾ ਪ੍ਰਭਾਵ ਦਾ ਪ੍ਰਮਾਣ ਪੱਤਰ’ ਪ੍ਰਦਾਨ ਕੀਤਾ ਗਿਆ ਏ । ਇਹ ਪੁਰਸਕਾਰ

ਸਾਂਝੇ ਤੌਰ ’ਤੇ ਡਾ. ਮਨਜੀਤ ਸ਼ਰਨ, ਡਾ. ਦੀਪਤੀ ਵਿਜੈ, ਡਾ. ਜੈ ਪ੍ਰਕਾਸ਼ ਯਾਦਵ, ਡਾ. ਜਸਬੀਰ ਸਿੰਘ ਬੇਦੀ ਅਤੇ ਡਾ. ਪੰਕਜ ਢਾਕਾ ਨੂੰ ‘ਪਸ਼ੂਆਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਦੀਂ ਨਿਗਰਾਨੀ ਅਤੇ ਪ੍ਰਤੀਕਿਰਿਆ ਰਣਨੀਤੀਆਂ: ਵਿਆਪਕ ਸਮੀਖਿਆ’ ਸਿਰਲੇਖ ਵਾਲੇ ਲੇਖ ਲਈ ਦਿੱਤਾ ਗਿਆ ਏ। ਇਸ ਲੇਖ ਨੇ ਇਕ ਸਾਲ ਵਿੱਚ 100 ਤੋਂ ਵੱਧ ਹਵਾਲੇ ਪ੍ਰਾਪਤ ਕਰਕੇ ‘ਵਨ ਹੈਲਥ’ ਢਾਂਚੇ ਨੂੰ ਅੱਗੇ ਵਧਾਉਣ ਅਤੇ ਇਸ ਦੇ ਮਜ਼ਬੂਤ ਅਕਾਦਮਿਕ ਪ੍ਰਭਾਵ ਅਤੇ ਸਾਰਥਿਕਤਾ ਨੂੰ ਉਜਾਗਰ ਕਰਦੇ ਹੋਏ ਵਿਕਸ਼ਵ ਪੱਧਰ 'ਤੇ ਧਿਆਨ ਖਿੱਚਿਆ ਏ। ਇਹ ਅਧਿਐਨ ਨਿਗਰਾਨੀ ਪ੍ਰਣਾਲੀਆਂ, ਮੁੱਢਲੀਆਂ ਚੇਤਾਵਨੀ ਵਿਧੀਆਂ ਅਤੇ ਪਸ਼ੂਆਂ ਤੋਂ ਮਨੁੱਖਾਂ ਨੂੰ ਹੋਣ ਵਾਲੀਆਂ ਬਿਮਾਰੀਆਂ ਲਈ ਤਾਲਮੇਲ ਵਾਲੀਆਂ ਪ੍ਰਤੀਕਿਰਿਆ ਰਣਨੀਤੀਆਂ ਦਾ ਵਿਆਪਕ ਵਿਸ਼ਲੇਸ਼ਣ ਪੇਸ਼ ਕਰਦਾ ਏ। ਇਸ ਵਿੱਚ ਮਨੁੱਖ, ਜਾਨਵਰ ਅਤੇ ਵਾਤਾਵਰਣ ਸਿਹਤ ਦੇ ਆਪਸੀ ਸੰਬੰਧਾਂ ’ਤੇ ਚਾਨਣਾ ਪਾਇਆ ਗਿਆ ਏ। ਵਾਈਸ ਚਾਂਸਲਰ ਡਾ. ਜਤਿੰਦਰ ਪਾਲ ਸਿੰਘ ਗਿੱਲ, ਨੇ ਇਸ ਪ੍ਰਾਪਤੀ ਲਈ ਟੀਮ ਦੀ ਸ਼ਲਾਘਾ ਕੀਤੀ।

---------------------------------------------------------------------------

ਪੰਜਾਬ ਭਰ ਵਿਚ 'ਨੌਜਵਾਨ ਨਸ਼ਿਆਂ ਖਿਲਾਫ ਮੁਹਿੰਮ' ਤਹਿਤ ਵੱਖ-ਵੱਖ ਪ੍ਰੋਗਰਾਮ ਕਰਵਾਏ ਗਏ। ਕਪੂਰਥਲਾ ਦੇ ਮੁੱਖ ਨਿਆਂਇਕ

ਮੈਜਿਸਟ੍ਰੇਟ ਹਿਰਦੇਜੀਤ ਸਿੰਘ ਦੀ ਯੋਗ ਅਗਵਾਈ ਹੇਠ 'ਨੌਜਵਾਨ ਨਸ਼ਿਆਂ ਖਿਲਾਫ ਮੁਹਿੰਮ' ਤਹਿਤ ਅੱਜ ਏ.ਡੀ.ਆਰ ਸੈਂਟਰ ਟ੍ਰੇਨਿੰਗ ਹਾਲ ਵਿਖੇ ਨਸ਼ਿਆਂ ਤੋਂ ਦੂਰ ਰਹਿਣ ਲਈ ਸੁੰਹ ਚੁੱਕ ਸਮਾਗਮ ਕਰਵਾਇਆ ਗਿਆ । ਉਨ੍ਹਾਂ ਸਮੂਹ ਜੂਡੀਸ਼ੀਅਲ ਸਟਾਫ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰਾਂ ਨੂੰ ਸੁੰਹ ਚੁੱਕਾਈ ਗਈ। ਉਨ੍ਹਾਂ ਕਿਹਾ ਕਿ ਸਾਨੂੰ ਕਦੇ ਵੀ ਕਿਸੇ ਵੀ ਕਿਸਮ ਦਾ ਨਸ਼ਾ ਨਹੀਂ ਕਰਨਾ ਚਾਹੀਦਾ । ਉਨ੍ਹਾਂ ਕਿਹਾ ਕਿ ਪਰਿਵਾਰ,ਸਮਾਜ ਅਤੇ ਦੇਸ਼ ਦੀ ਭਲਾਈ ਲਈ ਸਿਹਤਮੰਦ, ਸੁਚੇਤ ਅਤੇ ਅਨੁਸ਼ਾਸ਼ਿਤ ਜੀਵਨ ਜੀਉਣ ਲਈ ਸਾਨੂੰ ਨਸ਼ਿਆ ਤੋਂ ਦੂਰ ਰਹਿਣ ਚਾਹੀਦਾ ਏ । ਉਨ੍ਹਾਂ ਕਿਹਾ ਕਿ ਨਸ਼ਿਆ ਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਦੋਸਤਾਂ ਅਤੇ ਸਮਾਜ ਵਿੱਚ ਜਾਗਰੂਕਤਾ ਕਰਨਾ ਚਾਹੀਦਾ ਏ ਤਾਂ ਜੋ ਉਹ ਨਸ਼ੇ ਦੀ ਲਤ ਤੋਂ ਦੂਰ ਰਹਿ ਸਕਣ ਤੇ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਇਆ ਜਾਵੇ। ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਅੱਜ ਨਸ਼ਿਆਂ ਖਿਲਾਫ ਇੱਕ ਵੱਡੀ ਜਨ-ਜਾਗਰੂਕਤਾ ਰੈਲੀ ਕੱਢੀ ਗਈ । ਇਸ ਰੈਲੀ ਨੂੰ ਜ਼ਿਲ੍ਹਾ ਤੇ ਸੈਸ਼ਨ ਜੱਜ ਰਾਜ ਕੁਮਾਰ ਗਰਗ, ਡਿਪਟੀ ਕਮਿਸ਼ਨਰ ਅਭੀਜੀਤ ਕਪਲੇਸ਼ ਅਤੇ ਜ਼ਿਲ੍ਹਾ ਪੁਲਿਸ ਮੁਖੀ ਮਨੂ ਰਾਣਾ ਨੇ ਸਾਂਝੇ ਤੌਰ ’ਤੇ ਰਵਾਨਾ ਕੀਤਾ। ਰੈਲੀ ਵਿੱਚ ਪੈਰਾ ਲੀਗਲ ਵਲੰਟੀਅਰ, ਵਕੀਲ, ਜੱਜ , ਪੁਲਿਸ ਅਧਿਕਾਰੀ, ਸਿਵਲ ਸੁਸਾਇਟੀ ਦੇ ਨੁਮਾਇੰਦੇ, ਸਕੂਲ-ਕਾਲਜ ਦੇ ਵਿਦਿਆਰਥੀ, ਅਤੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਉਨ੍ਹਾਂ

ਹੱਥਾਂ ਵਿੱਚ ਨਸ਼ਿਆਂ ਵਿਰੋਧੀ ਤਖਤੀਆਂ ਫੜ ਕੇ “ਨਸ਼ਿਆਂ ਤੋਂ ਦੂਰ ਰਹੋ”, “ਜੀਵਨ ਚੁਣੋ-ਨਸ਼ਾ ਨਹੀਂ” ਵਰਗੇ ਨਾਅਰਿਆਂ ਰਾਹੀਂ ਸਮਾਜ ਨੂੰ ਸਖ਼ਤ ਸੁਨੇਹਾ ਦਿੱਤਾ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਰਾਜ ਕੁਮਾਰ ਗਰਗ ਨੇ ਕਿਹਾ । BYTE:RNU050125

---

ਸ੍ਰੀਨਗਰ ਦੇ ਅਨੰਤਨਾਗ ਵਿਖੇ ਡਿਊਟੀ ਦੌਰਾਨ ਸ਼ਹੀਦ ਹੋਏ ਫੌਜ ਦੇ ਜਵਾਨ ਪਰਗਟ ਸਿੰਘ ਦਾ ਅੰਤਿਮ ਸੰਸਕਾਰ ਸਰਕਾਰੀ ਸਨਮਾਨਾ ਨਾਲ ਉਨ੍ਹਾਂ ਦੇ ਜੱਦੀ ਪਿੰਡ ਰਮਦਾਸ ਵਿਖੇ ਕੀਤਾ ਗਿਆ। ਸ਼ਹੀਦ ਨੂੰ ਅੰਤਿਮ ਵਿਦਾਈ ਦੇਣ ਲਈ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਸਮਾਜਿਕ ਅਤੇ ਰਾਜਨੀਤਿਕ ਆਗੂ ਮੌਜੂਦ ਰਹੇ। ਪੰਜਾਬ ਸਰਕਾਰ ਵੱਲੋਂ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਤੇ ਹਲਕਾ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ, ਐਸ.ਡੀ.ਐਮ ਰਵਿੰਦਰ ਸਿੰਘ ਅਰੋੜਾ ਸਮੇਤ ਹੋਰਨਾਂ ਪਾਰਟੀਆਂ ਦੇ ਨੁਮਾਇੰਦੇ ਵੀ ਮੌਕੇ ‘ਤੇ ਪਹੁੰਚੇ। ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪਰਗਟ ਸਿੰਘ ਦੇਸ਼ ਦਾ ਹੋਣਹਾਰ ਜਵਾਨ ਸੀ, ਜਿਨ੍ਹਾਂ ਆਪਣੀ ਡਿਊਟੀ ਨਿਭਾਉਂਦੇ ਹੋਏ ਸਰਵਉੱਚ ਬਲੀਦਾਨ ਦਿੱਤਾ।

-----------------------------------------------------------------------------

ਫਤਿਹਗੜ੍ਹ ਸਾਹਿਬ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਨੇੜੇ ਅੱਜ ਸਵੇਰੇ 5 ਵਜੇ ਸੁਆਹ ਨਾਲ ਭਰੇ ਇਕ ਟੈਂਕਰ ਦੀ ਚਪੇਟ ਵਿਚ ਆਉਣ ਨਾਲ ਦਾਦੀ ਅਤੇ ਉਸਦੀ 14 ਸਾਲਾ ਪੋਤੀ ਦੀ ਮੌਤ ਹੋ ਗਈ । ਮ੍ਰਿਤਕਾਂ ਦੀ ਪਛਾਣ ਸਰਹਿੰਦ ਸ਼ਹਿਰ ਵਾਸੀ ਮਨਜੀਤ ਕੌਰ ਅਤੇ ਉਸਦੀ ਪੋਤੀ ਖੁਸ਼ਦੀਪ ਕੌਰ ਵਜੋਂ ਹੋਈ ਏ। ਪੁਲਿਸ ਵਲੋਂ ਅਗਲੇਰੀ ਜਾਂਚ ਕੀਤੀ ਜਾ ਰਹੀ ਏ ।

-----------------------------------------------------------------------------

ਫਤਹਿਗੜ੍ਹ ਸਾਹਿਬ ਪੁਲਿਸ ਨੇ ਵੱਖ-ਵੱਖ ਥਾਵਾਂ ਤੋਂ ਚੋਰੀ ਅਤੇ ਗੁੰਮ ਹੋਏ 142 ਮੋਬਾਈਲ ਫੋਨ ਬਰਾਮਦ ਕਰਕੇ ਉਨ੍ਹਾਂ ਦੇ ਅਸਲ ਮਾਲਕਾਂ ਦੇ ਹਵਾਲੇ ਕਰ ਦਿੱਤੇ ਨੇ ।ਐਸ.ਐਸ.ਪੀ. ਸ਼ੁਭਮ ਅਗਰਵਾਲ ਨੇ ਅੱਜ ਪ੍ਰੈਸ ਕਾਨਫਰੰਸ ਦੌਰਾਨ ਦਸਿਆ ਕਿ ਤਕਨੀਕੀ ਸੈੱਲ ਨੇ ਆਧੁਨਿਕ ਤਕਨੀਕਾਂ ਦੀ ਵਰਤੋਂ ਕਰਕੇ ਇਨ੍ਹਾਂ ਮੋਬਾਈਲਾਂ ਨੂੰ ਟਰੇਸ ਕੀਤਾ ਏ , ਜੋ ਕਿ ਇੱਕ ਸ਼ਲਾਘਾਯੋਗ ਕਦਮ ਏ । ਉਨ੍ਹਾਂ ਕਿਹਾ ਕਿ ਭਵਿਖ ਵਿੱਚ ਵੀ ਗੈਰ ਸਮਾਜਿਕ ਅਨਸਰਾਂ ਖਿਲਾਫ ਸਖ਼ਤੀ ਜਾਰੀ ਰੱਖੀ ਜਾਵੇਗੀ। ਐਸ.ਐਸ.ਪੀ. ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮੋਬਾਈਲ ਗੁੰਮ ਹੋਣ 'ਤੇ ਤੁਰੰਤ ਸੀ.ਈ.ਆਈ.ਆਰ ਪੋਰਟਲ ਜਾਂ ਨਜ਼ਦੀਕੀ ਪੁਲਿਸ ਸਟੇਸ਼ਨ ਵਿੱਚ ਰਿਪੋਰਟ ਦਰਜ ਕਰਵਾਉਣ । ਉਨ੍ਹਾਂ ਇਹ ਵੀ ਕਿਹਾ ਕਿ ਕਦੇ ਵੀ

ਬਿਨਾਂ ਬਿੱਲ ਜਾਂ ਸ਼ੱਕੀ ਹਾਲਤ ਵਿੱਚ ਪੁਰਾਣਾ ਮੋਬਾਈਲ ਨਾ ਖਰੀਦਿਆ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੁਲਿਸ 24 ਘੰਟੇ ਜਨਤਾ ਦੀ ਸੇਵਾ ਵਿੱਚ ਸਰਗਰਮ ਏ । ਆਪਣੇ ਮੋਬਾਈਲ ਫੋਨ ਵਾਪਸ ਲੈਣ ਪਹੁੰਚੇ ਲੋਕਾਂ ਨੇ ਪੁਲਿਸ ਦਾ ਧੰਨਵਾਦ ਕੀਤਾ।

---------------------------------------------------------------------------------

ਮੌਸਮ ਵਿਭਾਗ ਨੇ ਕੱਲ੍ਹ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ, ਅਤੇ ਦਿੱਲੀ ਵਿੱਚ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ ਏ । ਇਸੇ ਦੌਰਾਨ ਦੇਸ਼ ਦੇ ਉੱਤਰੀ ਖੇਤਰ ਵਿੱਚ ਸੰਘਣੀ ਧੁੰਦ ਨੇ ਅੱਜ ਰੇਲ ਅਤੇ ਹਵਾਈ ਸੇਵਾਵਾਂ ਨੂੰ ਪ੍ਰਭਾਵਿਤ ਕੀਤਾ ਏ । ਰੇਲਵੇ ਵਿਭਾਗ ਦੇ ਮੁਤਾਬਿਕ ਦਿੱਲੀ ਪਹੁੰਚਣ ਵਾਲੀਆਂ 21 ਤੋਂ ਵੱਧ ਰੇਲਗੱਡੀਆਂ ਦੋ ਘੰਟੇ ਤੋਂ ਵੱਧ ਦੇਰੀ ਨਾਲ ਚੱਲ ਰਹੀਆਂ ਹਨ। ਮੁਸਾਫ਼ਰਾਂ ਨੂੰ ਸਟੇਸ਼ਨ 'ਤੇ ਪਹੁੰਚਣ ਤੋਂ ਪਹਿਲਾਂ ਰੇਲਗੱਡੀ ਦੀ ਸਥਿਤੀ ਬਾਰੇ ਤਾਜਾ ਜਾਣਕਾਰੀ ਲੈਣ ਦੀ ਸਲਾਹ ਦਿੱਤੀ ਗਈ ਏ ।

---------------------------------------------------------------------------------

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਗੋਆ ਵਿੱਚ ਪ੍ਰਦੂਸ਼ਣ ਕੰਟਰੋਲ ਸਮੁੰਦਰੀ ਜਹਾਜ਼, 'ਸਮੁੰਦਰ ਪ੍ਰਤਾਪ' ਨੂੰ ਭਾਰਤੀ ਤੱਟ ਰੱਖਿਅਕ ਦੇ ਬੇੜੇ ਵਿੱਚ ਸ਼ਾਮਲ ਕੀਤਾ ।

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੇ ਉਪਰਾਲਿਆਂ ਸਦਕਾ ਓਮਾਨ ਵਿੱਚ ਫਸੀਆਂ ਪੰਜ ਪੰਜਾਬੀ ਕੁੜੀਆਂ ਨੂੰ ਸੁਰੱਖਿਅਤ ਭਾਰਤ ਵਾਪਸ ਲਿਆਂਦਾ ਗਿਆ।
- ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ -ਪੰਜਾਬ ਸਰਕਾਰ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਹੱਲ ਕਰਨ ਲਈ ਵਚਨਬੱਧ ਏ I
- ਲੁਧਿਆਣਾ ਸਥਿਤ ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਦੇ ਖੋਜਾਰਥੀਆਂ ਨੇ 'ਵਨ ਹੈਲਥ' ਖੋਜ ਲਈ ਕੌਮਾਂਤਰੀ ਮਾਨਤਾ ਪ੍ਰਾਪਤ ਕੀਤੀ I ਅਤੇ
- ਮੌਸਮ ਵਿਭਾਗ ਵਲੋਂ ਕੱਲ੍ਹ ਤੱਕ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ -ਸੰਘਣੀ ਧੁੰਦ ਕਾਰਣ ਦੇਸ਼ ਭਰ ਵਿੱਚ ਰੇਲ ਅਤੇ ਹਵਾਈ ਸੇਵਾਵਾਂ ਪ੍ਰਭਾਵਿਤ ਹੋਈਆਂ ।

-

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

-

**ਨਮਸਕਾਰ** !